# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 28-12-2024**

- ਸਾਬਕ ਪ੍ਰਧਾਨ ਮੰਤਰੀ, ਡਾ. ਮਨਮੋਹਨ ਸਿੰਘ ਦਾ ਅੱਜ ਨਵੀਂ ਦਿੱਲੀ ਦੇ ਨਿਗਮ ਬੋਧ ਘਾਟ 'ਤੇ ਪੂਰੇ ਸਰਕਾਰੀ ਸਨਮਾਨਾਂ ਨਾਲ ਅੰਤਿਮ ਸੰਸਕਾਰ ਕੀਤਾ ਗਿਆ।
- ਸਰਕਾਰ ਸਾਬਕ ਪ੍ਰਧਾਨ ਮੰਤਰੀ ਡਾ: ਮਨਮੋਹਨ ਸਿੰਘ ਦੀ ਯਾਦਗਾਰ ਲਈ ਜਗ੍ਹਾ ਅਲਾਟ ਕਰੇਗੀ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਆਕਾਸ਼ਵਾਣੀ 'ਤੇ 'ਮਨ ਕੀ ਬਾਤ' ਪ੍ਰੋਗਰਾਮ 'ਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।
- ਮੌਸਮ ਵਿਭਾਗ ਨੇ ਆਉਂਦੇ ਦਿਨਾਂ'ਚ ਸੂਬੇ 'ਚ ਤਾਮਪਾਨ 'ਚ ਗਿਰਾਵਟ ਆਉਣ ਦੀ ਸੰਭਾਵਨਾ ਜਤਾਈ ਏ.
- ਕ੍ਰਿਕੇਟ ਵਿੱਚ, ਭਾਰਤ ਨੇ ਮੈਲਬੋਰਨ ਵਿੱਚ, ਚੌਥੇ ਟੈਸਟ ਮੈਚ ਦੇ ਤੀਜੇ ਦਿਨ ਦੀ ਖੇਡ ਖਤਮ ਹੋਣ ਤੱਕ, ਆਪਣੀ ਪਹਿਲੀ ਪਾਰੀ 'ਚ 9 ਵਿਕਟਾਂ ਦੇ ਨੁਕਸਾਨ 'ਤੇ 358 ਦੌੜਾਂ ਬਣਾ ਲਈਆਂ ਨੇ।

---

ਸਾਬਕ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦਾ ਅੱਜ ਨਵੀਂ ਦਿੱਲੀ ਦੇ ਨਿਗਮ ਬੋਧ ਘਾਟ 'ਤੇ ਪੂਰੇ ਸਰਕਾਰੀ ਸਨਮਾਨਾਂ ਨਾਲ ਅੰਤਿਮ ਸੰਸਕਾਰ ਕੀਤਾ ਗਿਆ। ਸਿੱਖ ਗ੍ਰੰਥੀਆਂ ਅਤੇ ਡਾ. ਮਨਮੋਹਨ ਸਿੰਘ ਦੇ ਨਜ਼ਦੀਕੀਆਂ ਨੇ ਅੰਤਮ ਸੰਸਕਾਰ ਤੋਂ ਪਹਿਲਾਂ ਗੁਰਬਾਣੀ ਦਾ ਪਾਠ ਕੀਤਾ । ਰਸਮੀ ਗਾਰਡ ਆਫ ਔਨਰ ਦੇ ਬਾਅਦ, ਰਾਸ਼ਟਰਪਤੀ ਦ੍ਰੌਪਦੀ ਮੁਰਮੂ, ਉਪ – ਰਾਸ਼ਟਰਪਤੀ ਜਗਦੀਪ ਧਨਖੜ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਕੇਂਦਰੀ ਮੰਤਰੀ ਰਾਜਨਾਥ ਸਿੰਘ, ਅਮਿਤ ਸ਼ਾਹ ਜਗਤ ਪ੍ਰਕਾਸ਼ ਨਡਾ ਅਤੇ ਲੋਕ ਸਭਾ ਸਪੀਕਰ ਓਮ ਬਿੜਲਾ ਨੇ ਡਾ ਸਿੰਘ ਨੂੰ ਸ਼ਰਧਾਂਜਲੀ ਭੇਂਟ ਕੀਤੀ। ਇਸ ਤੋਂ ਇਲਾਵਾ ਕਾਂਗ੍ਰੇਸ ਪ੍ਰਧਾਨ ਮ੍ਲਿਕਾਰ੍ਜੁਨ ਖੜਗੇ, ਸੋਨੀਆ ਗਾਂਧੀ ਅਤੇ ਰਾਹੁਲ ਗਾਂਧੀ ਸਮੇਤ ਕਾਂਗ੍ਰੇਸ ਪਾਰਟੀ ਦੇ ਕਈ ਨੇਤਾਵਾਂ ਨੇ ਉਹਨਾਂ ਨੂੰ ਅੰਤਿਮ ਵਿਦਾਈ ਦਿੱਤੀ. ਫੌਜ ਮੁਖੀ ਜਨਰਲ ਉਪੇਂਦਰ ਦੀਪਵੇਦੀ, ਸਮੁੰਦਰੀ ਫੌਜ ਦੇ ਮੁਖੀ ਦਿਨੇਸ਼ ਕੇ. ਤ੍ਰਿਪਾਠੀ, ਹਵਾਈ ਫੌਜ ਮੁਖੀ ਅਮਰਪ੍ਰੀਤ ਸਿੰਘ, ਭੂਟਾਨ ਦੇ ਰਾਜਾ ਜਿਗਮੇ ਖੇਸਰ ਨਾਮ-ਗਿਆਲ ਵਾਂਗਚੁਕ ਅਤੇ ਮੌਰਿਸ਼ਸ ਕੇ ਵਿਦੇਸ਼ ਮੰਤਰੀ ਧਨੰਜਯ ਰਾਮਫਲ ਨੇ ਵੀ ਡਾ. ਮਨਮੋਹਨ ਸਿੰਘ ਨੂੰ ਫੁੱਲਾਂ ਨਾਲ ਸ਼ਰਧਾਂਜਲੀ ਭੇਂਟ ਕੀਤੀ। ਸਾਬਕ ਪ੍ਰਧਾਨ ਮੰਤਰੀ ਦੀ ਦੇਹ

ਨੂੰ ਅੱਜ ਸਵੇਰੇ ਕਾਂਗਰਸ ਸਦਰ ਮੁਕਾਮ ਤੋਂ ਨਿਗਮ ਬੋਧ ਘਾਟ ਲਿਜਾਇਆ ਗਿਆ। ਇਸ ਤੋਂ ਪਹਿਲਾਂ ਓਹਨਾਂ ਦੀ ਦੇਹ ਨੂੰ ਉਨ੍ਹਾਂ ਦੇ ਨਿਵਾਸ ਅਸਥਾਨ ਨੂੰ ਕਾਂਗਰਸ ਤੋਂ ਸਦਰਮੁਕਾਮ ਲਿਆਇਆ ਗਿਆ ਸੀ ਜਿੱਥੇ ਲੋਕਾਂ ਅਤੇ ਪਾਰਟੀ ਕਾਰਜਕਰਤਾਵਾਂ ਨੇ ਉਨ੍ਹਾਂ ਦੇ ਅੰਤਿਮ ਦਰਸ਼ਨ ਕੀਤੇ। ਡਾ. ਮਨਮੋਹਨ ਸਿੰਘ ਦਾ 92 ਸਾਲ ਦੀ ਉਮਰ 'ਚ ਵੀਰਵਾਰ ਨੂੰ ਨਵੀਂ ਦਿੱਲੀ ਦੇ AIIMS ਵਿਖੇ ਦੇਹਾਂਤ ਹੋ ਗਿਆ ਸੀ.

--------------------------------------------------------------------------------

ਕੇਂਦਰੀ ਗ੍ਰਹਿ ਮੰਤਰਾਲੇ ਨੇ ਕਿਹਾ ਏ ਕਿ ਸਰਕਾਰ ਸਾਬਕ ਪ੍ਰਧਾਨ ਮੰਤਰੀ ਡਾ: ਮਨਮੋਹਨ ਸਿੰਘ ਦੀ ਯਾਦਗਾਰ ਲਈ ਜਗ੍ਹਾ ਅਲਾਟ ਕਰੇਗੀ। ਮੰਤਰਾਲੇ ਨੇ ਇੱਕ ਬਿਆਨ ਵਿੱਚ ਕਿਹਾ ਏ ਕਿ ਸਰਕਾਰ ਨੂੰ ਕੱਲ੍ਹ ਇਸ ਸਬੰਧ ਵਿੱਚ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਤੋਂ ਇੱਕ ਬੇਨਤੀ ਮਿਲੀ ਸੀ। ਮੰਤਰਾਲੇ ਨੇ ਕਿਹਾ ਕਿ, ਕੇਂਦਰੀ ਮੰਤਰੀ ਮੰਡਲ ਦੀ ਮੀਟਿੰਗ ਤੋਂ ਤੁਰੰਤ ਬਾਅਦ, ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸ੍ਰੀ ਖੜਗੇ ਅਤੇ ਡਾ: ਮਨਮੋਹਨ ਸਿੰਘ ਦੇ ਪਰਿਵਾਰ ਨਾਲ ਗੱਲਬਾਤ ਕੀਤੀ ਕਿ ਸਰਕਾਰ ਯਾਦਗਾਰ ਲਈ ਥਾਂ ਅਲਾਟ ਕਰੇਗੀ ।

--------------------------------------------------------------------------------

ਸਾਬਕਾ ਪ੍ਰਧਾਨ ਮੰਤਰੀ ਡਾ: ਮਨਮੋਹਨ ਸਿੰਘ ਦੀ ਮ੍ਰਿਤਕ ਦੇਹ ਨੂੰ ਅੱਜ ਦਿੱਲੀ ਦੇ ਨਿਗਮ ਬੋਧ ਘਾਟ ਵਿਖੇ ਪੂਰੇ ਸਰਕਾਰੀ ਸਨਮਾਨਾਂ ਨਾਲ

ਅਗਨ ਭੇਟ ਕੀਤਾ ਗਿਆ। ਉਹਨਾਂ ਦੀ  ਚਿਖਾ ਨੂੰ ਅਗਨੀ ਉਹਨਾਂ ਦੀ ਵੱਡੀ ਬੇਟੀ ਨੇ ਦਿਤੀ । ਸਿੱਖ ਪੁਜਾਰੀਆਂ ਅਤੇ ਡਾ: ਸਿੰਘ ਦੇ ਪਰਿਵਾਰਕ ਮੈਂਬਰਾਂ ਨੇ ਅੰਤਿਮ ਸੰਸਕਾਰ ਤੋਂ ਪਹਿਲਾਂ ਗੁਰਬਾਣੀ ਦੀਆਂ ਤੁਕਾਂ ਦਾ ਜਾਪ ਕੀਤਾ। ਰਸਮੀ ਗਾਰਡ ਆਫ਼ ਆਨਰ ਤੋਂ ਬਾਅਦ, ਰਾਸ਼ਟਰਪਤੀ ਦਰੂਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ, ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕੇਂਦਰੀ ਮੰਤਰੀ ਰਾਜਨਾਥ ਸਿੰਘ, ਅਮਿਤ ਸ਼ਾਹ ਅਤੇ ਜਗਤ ਪ੍ਰਕਾਸ਼ ਨੱਡਾ ਅਤੇ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਨਿਗਮ ਬੋਧ ਘਾਟ  ਵਿਖੇ ਸਾਬਕਾ ਪ੍ਰਧਾਨ ਮੰਤਰੀ ਨੂੰ ਅੰਤਿਮ ਸ਼ਰਧਾਂਜਲੀ ਦਿੱਤੀ। ਇਸ ਤੋਂ ਇਲਾਵਾ ਪਾਰਟੀ ਪ੍ਰਧਾਨ ਮਲਿਕਾਅਰਜੁਨ ਖੜਗੇ, ਸੋਨੀਆ ਗਾਂਧੀ ਅਤੇ ਰਾਹੁਲ ਗਾਂਧੀ ਸਮੇਤ ਕਾਂਗਰਸ ਪਾਰਟੀ ਦੇ ਕਈ ਨੇਤਾਵਾਂ ਨੇ ਸ਼ਰਧਾਂਜਲੀ ਭੇਟ ਕੀਤੀ । ਥਲ ਸੈਨਾ ਦੇ ਮੁਖੀ ਜਨਰਲ ਉਪੇਂਦਰ ਦਿਵੇਦੀ, ਜਲ ਸੈਨਾ ਮੁਖੀ ਐਡਮਿਰਲ ਦਿਨੇਸ਼ ਕੇ ਤ੍ਰਿਪਾਠੀ, ਹਵਾਈ ਸੈਨਾ ਦੇ ਮੁਖੀ ਏਅਰ ਚੀਫ ਮਾਰਸ਼ਲ ਅਮਰ ਪ੍ਰੀਤ ਸਿੰਘ, ਭੂਟਾਨ ਦੇ ਰਾਜਾ ਜਿਗਮੇ ਖੇਸਰ ਨਾਮਗਾਇਲ ਵਾਂਗਚੱਕ ਅਤੇ ਮਾਰੀਸ਼ਸ ਦੇ ਵਿਦੇਸ਼ ਮੰਤਰੀ ਧਨੰਜੇ ਰਾਮਫੁੱਲ ਨੇ ਵੀ ਸ਼ਰਧਾਂਜਲੀ ਭੇਟ ਕੀਤੀ

---

ਲੋਕਤੰਤਰ ਵਿੱਚ ਵੱਧ ਤੋਂ ਵੱਧ ਲੋਕਾਂ ਦੀ ਸ਼ਮੂਲੀਅਤ ਨੂੰ ਯਕੀਨੀ

ਬਣਾਉਣ ਅਤੇ ਵੋਟ ਦੀ ਮਹੱਤਤਾ ਬਾਰੇ ਜਾਗਰੂਕ ਕਰਨ ਲਈ ਮੁੱਖ ਚੋਣ ਅਫ਼ਸਰ ਪੰਜਾਬ ਵਲੋਂ 'ਰਾਸ਼ਟਰੀ ਵੋਟਰ ਦਿਵਸ' ਨੂੰ ਸਮਰਪਿਤ 'ਪੰਜਾਬ ਇਲੈਕਸ਼ਨ ਕੁਇੱਜ਼-2025' ਕਰਵਾਇਆ ਜਾ ਰਿਹਾ ਏ ।ਹੁਸ਼ਿਆਰਪੁਰ ਦੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਕੋਮਲ ਮਿੱਤਲ ਨੇ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ 'ਪੰਜਾਬ ਇਲੈਕਸ਼ਨ ਕੁਇੱਜ਼-2025' ਤਹਿਤ ਮੁਕਾਬਲੇ ਆਨਲਾਈਨ ਅਤੇ ਆਫ਼ਲਾਈਨ ਦੋਵੇਂ ਤਰ੍ਹਾਂ ਨਾਲ ਕਰਵਾਏ ਜਾ ਰਹੇ ਨੇ । ਇਨ੍ਹਾਂ ਮੁਕਾਬਲਿਆਂ ਲਈ ਆਨਲਾਈਨ ਰਜਿਸਟ੍ਰੇਸ਼ਨ 28 ਦਸੰਬਰ 2024 ਤੋਂ 17 ਜਨਵਰੀ 2025 ਤੱਕ ਕਰਵਾਈ ਜਾ ਸਕਦੀ ਏ । ਉਨ੍ਹਾਂ ਦੱਸਿਆ ਕਿ ਆਨਲਾਈਨ ਇਲੈਕਸ਼ਨ ਕੁਇੱਜ਼ ਮੁਕਾਬਲਾ 19 ਜਨਵਰੀ 2025 ਨੂੰ ਅਤੇ ਸੂਬਾ ਪੱਧਰੀ ਆਫ਼ਲਾਈਨ ਮੁਕਾਬਲਾ 24 ਜਨਵਰੀ 2025 ਨੂੰ ਹੋਵੇਗਾ। । ਉਨ੍ਹਾਂ ਦੱਸਿਆ ਕਿ ਪੰਜਾਬ ਇਲੈਕਸ਼ਨ ਕੁਇੱਜ਼-2025 ਲਈ ਆਨਲਾਈਨ ਟਰੇਸ਼ਨ https://punjab.indiastatquiz.com/ 'ਤੇ ਕਰਵਾਈ ਜਾ ਸਕਦੀ ਏ

-----------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਆਕਾਸ਼ਵਾਣੀ 'ਤੇ 'ਮਨ ਕੀ ਬਾਤ' ਪ੍ਰੋਗਰਾਮ 'ਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਇਸ ਰੇਡੀਓ ਪ੍ਰੋਗਰਾਮ

ਦਾ 117ਵਾਂ ਐਪੀਸੋਡ ਹੋਵੇਗਾ। ਇਸ ਦਾ ਪ੍ਰਸਾਰਣ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁਚੇ ਨੈੱਟਵਰਕ, ਆਕਾਸ਼ਵਾਣੀ ਖਬਰਾਂ ਦੀ ਵੈੱਬਸਾਈਟ ਅਤੇ News on air ਮੋਬਾਈਲ ਐਪ 'ਤੇ ਕੀਤਾ ਜਾਵੇਗਾ। ਇਹ ਆਕਾਸ਼ਵਾਣੀ ਖਬਰਾਂ, ਡੀਡੀ ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਨ ਮੰਤਰਾਲੇ ਦੇ ਯੂਟਿਊਬ ਚੈਨਲਾਂ 'ਤੇ ਵੀ ਲਾਈਵ-ਸਟ੍ਰੀਮ ਕੀਤਾ ਜਾਵੇਗਾ। ਆਕਾਸ਼ਵਾਣੀ ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਪ੍ਰਸਾਰਿਤ ਕਰੇਗਾ।

---

ਭਾਰਤ ਦੀ ਸੁਪਰੀਮ ਕੋਰਟ ਨੇ ਅੱਜ ਕਿਹਾ ਕਿ ਅਦਾਲਤ ਪੰਜਾਬ ਦੇ ਮੁੱਖ ਸਕੱਤਰ ਅਤੇ ਪੁਲਿਸ ਡਾਇਰੈਕਟਰ ਜਨਰਲ ਵੱਲੋਂ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੇ ਹਸਪਤਾਲ ਵਿੱਚ ਦਾਖ਼ਲ ਹੋਣ ਸਬੰਧੀ ਦਾਇਰ ਕੀਤੀ ਗਈ ਪਾਲਣਾ ਰਿਪੋਰਟ ਤੋਂ ਸੰਤੁਸ਼ਟ ਨਹੀਂ ਏ। ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਹਸਪਤਾਲ ਵਿਚ ਇਲਾਜ ਲਈ ਲਿਜਾਣ ਸੰਬੰਧੀ ਮਾਮਲੇ ਦੀ ਅੱਜ ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਸੁਧਾਂਸ਼ੂ ਧੂਲੀਆ ਦੀ ਬੈਂਚ ਨੇ ਸੁਣਵਾਈ ਕੀਤੀ। ਪੰਜਾਬ ਦੇ ਐਡਵੋਕੇਟ ਜਨਰਲ ਗੁਰਮਿੰਦਰ ਸਿੰਘ ਨੇ ਹਲਫ਼ਨਾਮੇ ਰਾਹੀਂ ਬੈਂਚ ਨੂੰ ਦੱਸਿਆ ਕਿ ਸ੍ਰੀ ਡੱਲੇਵਾਲ ਹਸਪਤਾਲ ਜਾਣ ਤੋਂ ਇਨਕਾਰ ਕਰ ਰਹੇ ਨੇ ਅਤੇ ਉੱਥੇ ਮੌਜੂਦ ਕਿਸਾਨ ਵੀ ਉਨ੍ਹਾਂ ਨੂੰ ਹਸਪਤਾਲ ਲਿਜਾਣ ਦੀ

ਆਗਿਆ  ਨਹੀਂ ਦੇ ਰਹੇ। ਉਨ੍ਹਾਂ ਕਿਹਾ ਕਿ ਸਥਿਤੀ ਨੂੰ ਦੇਖਦੇ ਹੋਏ ਉਨ੍ਹਾਂ ਦੀ ਨਿਕਾਸੀ ਸ਼ਾਂਤੀਪੂਰਨ ਨਹੀਂ ਹੋ ਸਕਦੀ। ਅਦਾਲਤ ਨੇ ਆਖਰਕਾਰ ਪੰਜਾਬ ਸਰਕਾਰ ਨੂੰ ਆਪਣੇ ਹੁਕਮਾਂ ਦੀ ਪਾਲਣਾ ਕਰਨ ਲਈ 31 ਦਸੰਬਰ ਤੱਕ ਦਾ ਸਮਾਂ ਦਿੱਤਾ ਏ। ਅਦਾਲਤ ਨੇ ਇਹ ਵੀ ਕਿਹਾ ਕਿ ਰਾਜ ਮਾਨਯੋਗ ਅਦਾਲਤ ਦੇ ਹੁਕਮਾਂ ਦੀ ਪਾਲਣਾ ਨੂੰ  ਯਕੀਨੀ ਬਣਾਉਣ ਲਈ ਕੇਂਦਰ ਸਰਕਾਰ ਦੀ ਮਦਦ ਲੈ ਸਕਦਾ ਏ  .. ਇਸੇ ਦੌਰਾਨ ਡਿਪਟੀ ਕਮਿਸ਼ਨਰ ਪ੍ਰੀਤੀ ਯਾਦਵ ਦੀ ਅਗਵਾਈ ਹੇਠ ਪਟਿਆਲਾ ਪ੍ਰਸ਼ਾਸਨ ਦੀ ਉੱਚ ਪੱਧਰੀ ਟੀਮ ਨੇ ਸੀਨੀਅਰ ਪੁਲੀਸ ਅਧਿਕਾਰੀਆਂ ਅਤੇ ਡਾਕਟਰਾਂ ਨਾਲ ਮੁਲਾਕਾਤ ਕੀਤੀ। ਡੱਲੇਵਾਲ ਨੂੰ ਕੱਲ੍ਹ ਉਸ ਦਾ ਹਸਪਤਾਲ ਵਿੱਚ ਇਲਾਜ ਕਰਵਾਉਣ ਦੀ ਅਪੀਲ ਕੀਤੀ ਸੀ। ਹਾਲਾਂਕਿ, ਉਨ੍ਹਾਂ ਅਤੇ ਹੋਰ ਕਿਸਾਨ ਆਗੂਆਂ ਨੇ ਉਨ੍ਹਾਂ ਦੇ ਮਰਨ ਵਰਤ ਦਾ ਸਮਰਥਨ ਕਰਦਿਆਂ ਇਸ ਪੇਸ਼ਕਸ਼ ਨੂੰ ਠੁਕਰਾ ਦਿੱਤਾ ਸੀ। ਸ੍ਰੀ  ਡੱਲੇਵਾਲ 26 ਨਵੰਬਰ ਤੋਂ ਖਨੌਰੀ ਸਰਹੱਦ 'ਤੇ ਫਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਦੀ ਕਾਨੂੰਨੀ ਗਾਰੰਟੀ ਤੋਂ ਇਲਾਵਾ ਹੋਰ ਮੰਗਾਂ ਨੂੰ ਲੈ ਕੇ ਮਰਨ ਵਰਤ 'ਤੇ ਨੇ

---------------------------------------------------------------------------------

ਪੰਜਾਬ ਦੇ  ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਨੇ ਸਾਲ 2024 ਦੌਰਾਨ ਕਈ ਅਹਿਮ ਪ੍ਰਾਪਤੀਆਂ ਹਾਸਲ ਕੀਤੀਆਂ ਨੇ। ਵਿਭਾਗ ਦੇ

ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਸਾਲ 2022 ਵਿੱਚ ਪੰਚਾਇਤੀ ਜ਼ਮੀਨਾਂ ਤੋਂ ਨਾਜਾਇਜ਼ ਕਬਜ਼ੇ ਹਟਾਉਣ ਦੀ ਸ਼ੁਰੂ ਕੀਤੀ ਮੁਹਿੰਮ ਤਹਿਤ ਸਾਲ 2024 ਤੱਕ 12809 ਏਕੜ ਪੰਚਾਇਤੀ ਜ਼ਮੀਨਾਂ ਤੋਂ ਨਾਜਾਇਜ਼ ਕਬਜ਼ੇ ਹਟਾ ਕੇ ਪੰਚਾਇਤਾਂ ਨੂੰ ਸੋਪੀਆਂ ਜਾ ਚੁਕਾ ਏ ਇਸ ਰਕਬੇ ਦੀ ਬਾਜ਼ਾਰੀ ਕੀਮਤ 3080 ਕਰੋੜ ਰੁਪਏ ਤੋਂ ਵੱਧ ਬਣਦੀ ਏ। ਇਸ ਵਿੱਚੋਂ ਕਰੀਬ 6000 ਏਕੜ ਰਕਬੇ ਨੂੰ ਚਕੋਤੇ ‘ਤੇ ਦੇਣ ਉਪਰੰਤ ਸਾਲ 2024-25 ਦੌਰਾਨ 10.76 ਕਰੋੜ ਰੁਪਏ ਸਾਲਾਨਾ ਆਮਦਨ ਪ੍ਰਾਪਤ ਹੋਈ ਏ। ਇਸ ਤੋਂ ਇਲਾਵਾ ਵਿਭਾਗ ਵੱਲੋਂ ਸ਼ਾਮਲਾਤ ਜ਼ਮੀਨਾਂ ਦੀ ਸਾਲ 2024-25 ਦੌਰਾਨ 1.36 ਲੱਖ ਏਕੜ ਰਕਬੇ ਦੀ ਨਿਲਾਮੀ 469 ਕਰੋੜ ਰੁਪਏ ਵਿੱਚ ਕਰਵਾਈ ਗਈ। ਇਸੇ ਤਰ੍ਹਾਂ 2024-25 ਦੌਰਾਨ ਵਿਭਾਗ ਵੱਲੋਂ ਪਸ਼ੂ ਮੇਲਿਆਂ ਨੂੰ ਈ-ਆਕਸ਼ਨ ਰਾਹੀਂ ਠੇਕੇ ‘ਤੇ ਦੇਣ ਉਪਰੰਤ 93.90 ਕਰੋੜ ਰੁਪਏ ਦੀ ਆਮਦਨ ਪ੍ਰਾਪਤ ਹੋਈ ਏ।

---

ਅੱਜ ਪੰਜਾਬ, ਹਰਿਆਣਾ ਤੇ ਚੰਡੀਗੜ੍ਹ, ਵਿੱਚ ਅੱਜ ਕਿਧਰੇ – ਕਿਧਰੇ ਮੀਂਹ ਪਿਆ ਏ। ਇਹਨਾਂ ਤਿੰਨਾਂ ਥਾਵਾਂ ‘ਤੇ ਭਲਕੇ 29 ਦਸੰਬਰ ਤੋਂ 3 ਜਨਵਰੀ ਤਕ ਸੀਤ ਲਹਿਰ ਦੀ ਸਥਿਤੀ ਬਣੀ ਰਹੀ ਸਕਦੀ ਏ. ਇਸ ਬਾਰੇ ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਡਾਇਰੈਕਟਰ ਸ੍ਰੀ ਸੁਰਿੰਦਰ ਪਾਲ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ –BYTE

----------------------------------------------------------------------

ਕ੍ਰਿਕੇਟ ਵਿੱਚ, ਭਾਰਤ ਨੇ ਮੈਲਬੋਰਨ ‘ਚ ਬਾਰਡਰ-ਗਾਵਸਕਰ ਟਰਾਫੀ ਦੇ ਚੌਥੇ ਟੈਸਟ ਮੈਚ ਦੇ ਤੀਜੇ ਦਿਨ ਦੀ ਖੇਡ ਖਤਮ ਹੋਣ ਤੱਕ, ਆਪਣੀ ਪਹਿਲੀ ਪਾਰੀ ਵਿੱਚ 9 ਵਿਕਟਾਂ ਦੇ ਨੁਕਸਾਨ 'ਤੇ 358 ਦੌੜਾਂ ਬਣਾ ਲਈਆਂ ਨੇ। ਆਸਟ੍ਰੇਲੀਆ ਦੇ ਪਹਿਲੀ ਪਾਰੀ ਦੇ 474 ਦੌੜਾਂ ਦੇ ਜਵਾਬ 'ਚ, ਭਾਰਤੀ ਟੀਮ ਅਜੇ ਵੀ 116 ਦੌੜਾਂ ਨਾਲ ਪਿੱਛੇ ਏ। ਖਰਾਬ ਰੋਸ਼ਨੀ ਕਾਰਨ ਅੱਜ ਖੇਡ ਛੇਤੀ ਖਤਮ ਕਰਨੀ ਪਈ। ਭਾਰਤੀ ਬੱਲੇਬਾਜ਼ ਨਿਤੀਸ਼ ਕੁਮਾਰ ਰੈੱਡੀ ਨੇ ਆਪਣਾ ਪਹਿਲਾ ਟੈਸਟ ਸੈਂਕੜਾ ਲਾਇਆ। ਦਿਨ ਦੀ ਖੇਡ ਖਤਮ ਹੋਣ ਸਮੇਂ ਨਿਤੀਸ਼, 105 ਅਤੇ ਮੁਹੰਮਦ ਸਿਰਾਜ, 2 ਦੌੜਾਂ ਬਣਾ ਕੇ ਕਰੀਜ਼ 'ਤੇ ਸਨ। ਪੰਜ ਮੈਚਾਂ ਦੀ ਲੜੀ 'ਚ ਦੋਵੇਂ ਟੀਮਾਂ ਫਿਲਹਾਲ 1-1 ਨਾਲ ਬਰਾਬਰੀ 'ਤੇ ਨੇ।

----------------------------------------------------------------------

ਐਸ.ਬੀ.ਐਸ ਸਰਕਾਰੀ ਕਾਲਜ, ਕੋਟਕਪੂਰਾ ਦੀ ਗ੍ਰਹਿ ਵਿਗਿਆਨ ਵਿਭਾਗ ਦੀ ਸਹਾਇਕ ਪ੍ਰੋਫੈਸਰ ਸ਼੍ਰੀਮਤੀ ਅਮਨਦੀਪ ਕੌਰ ਨੇ ਵਿਕਸਤ ਭਾਰਤ ਯੰਗ ਲੀਡਰਜ਼ ਡਾਈਲਾਗ-ਨੈਸ਼ਨਲ ਯੂਥ ਫੈਸਟੀਵਲ 2025 ਦੀ ਰਾਸ਼ਟਰੀ ਪੱਧਰ ਦੀ ਚੈਂਪਿਅਨਸ਼ਿਪ ਵਿੱਚ ਆਪਣੀ ਥਾਂ ਬਣਾ ਕੇ ਪੰਜਾਬ

ਦਾ ਨਾਮ ਰੌਸ਼ਨ ਕੀਤਾ ਏ। ਉਨ੍ਹਾਂ ਨੇ ਵਿਕਸਤ ਭਾਰਤ ਕੁਇਜ਼ ਚੈਲੈਂਜ, ਵਿਕਸਤ ਭਾਰਤ ਲੇਖ ਪ੍ਰਤੀਯੋਗਿਤਾ, ਅਤੇ ਵਿਕਸਤ ਭਾਰਤ ਸਟੇਟ ਲੈਵਲ ਚੈਂਪਿਅਨਸ਼ਿਪ ਦੇ ਤਿੰਨ ਮੁਸ਼ਕਿਲ ਦੌਰਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਆਪਣੀ ਕਾਬਲਿਅਤ ਦਾ ਲੋਹਾ ਮਨਵਾਇਆ ਏ। ਮੁਕਾਬਲੇ ਦੇ ਤੀਜੇ ਗੇੜ ਵਿੱਚ 25 ਹਿੱਸੇਦਾਰਾਂ ਵਿੱਚੋਂ ਸਿਰਫ 3 ਉਮੀਦਵਾਰਾਂ ਨੂੰ ਚੁਣਿਆ ਗਿਆ, ਜਿਸ ਵਿੱਚ ਅਮਨਦੀਪ ਕੌਰ ਨੇ ਆਪਣੀ ਥਾਂ ਪੱਕੀ ਕੀਤੀ। ਉਨ੍ਹਾਂ ਨੇ ਕਿਹਾ ਕਿ ਜੇਕਰ ਉਹ ਚੌਥੇ ਗੇੜ ਵਿੱਚ ਕਾਮਯਾਬ ਹੁੰਦੇ ਨੇ , ਤਾਂ ਉਨ੍ਹਾਂ ਨੂੰ ਆਪਣਾ 'ਵਿਕਸਤ ਭਾਰਤ ਵਿਜਨ 2047' , 11-12 ਜਨਵਰੀ ਨੂੰ ਮਾਨਯੋਗ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਜੀ ਦੇ ਸਾਹਮਣੇ ਪੇਸ਼ ਕਰਨ ਦਾ ਮੌਕਾ ਮਿਲੇਗਾ।

---

ਅੰਮ੍ਰਿਤਸਰ ਦਿਹਾਤੀ ਪੁਲਿਸ ਵੱਲੋ ਮਹਿਤਾ ਰੋਡ ਤੇ ਸਥਿਤ HDFC ਬੈਂਕ ਵਿਚ ਹੋਈ ਲੁੱਟ ਦੀ ਘਟਨਾ ਨੂੰ ਸੁਲਝਾਉਦਿਆ 01 ਲੱਖ ਰੁਪਏ, ਇੱਕ .32 ਬੋਰ ਰਿਵਾਲਵਰ, 05 ਜਿੰਦਾ ਕਾਰਤੂਸ , 02 ਮੋਬਾਇਲ ਫੋਨ ਅਤੇ ਇੱਕ ਗੱਡੀ ਸਮੇਤ ਦੋਵੇਂ ਮੁੱਖ ਦੋਸ਼ੀ ਗ੍ਰਿਫਤਾਰ ਕਰ ਲਏ ਗਏ ਨੇ ... ਸ੍ਰੀ ਹਰਿੰਦਰ ਸਿੰਘ ਗਿੱਲ ਐਸ.ਪੀ (ਡੀ) ਦੀ ਅਗਵਾਈ ਵਿਚ ਸੀ.ਆਈ.ਏ ਸਟਾਫ ਅਤੇ ਥਾਣਾ ਜੰਡਿਆਲਾ ਦੀਆ ਵੱਖ-ਵੱਖ ਟੀਮਾ ਵੱਲੋ

ਲੁੱਟ ਦੀ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਜ਼ਿਲਾ ਤਰਨਤਾਰਨ ਦੇ ਦੋਵੇਂ ਦੋਸ਼ੀਆਂ , ਲਵਪ੍ਰੀਤ ਸਿੰਘ ਵਾਸੀ ਪਿੰਡ ਸਰਹਾਲੀ ਖੁਰਦ ਅਤੇ ਗੁਰਨੂਰ ਸਿੰਘ ਵਾਸੀ ਪਿੰਡ ਕੱਲਾ ਨੂੰ ਗ੍ਰਿਫਤਾਰ ਕਰ ਲਿਆ ਏ। ਪੁਲਿਸ ਅਨੁਸੁਰ ਇਹ ਦੋਵੇਂ ਦੋਸ਼ੀ 20 ਦਸੰਬਰ ਨੂੰ ਮਹਿਤਾ ਰੋਡ ਤੇ ਸਥਿਤ HDFC ਬੈਂਕ ਵਿਚੋਂ ਰਿਵਾਲਵਰ ਦੀ ਨੋਕ ਤੇ 3,96,340/- ਰੁਪਏ ਦੀ ਲੁੱਟ ਕਰਕੇ ਮੌਕੇ ਤੋਂ ਫਰਾਰ ਹੋ ਗਏ ਸਨ .. ਉਕਤ ਗ੍ਰਿਫਤਾਰ ਦੋਸ਼ੀਆਂ ਕੋਲੋਂ ਪੁੱਛਗਿਛ ਕੀਤੀ ਜਾ ਰਹੀ ਏ .

---

- ਸਾਬਕ ਪ੍ਰਧਾਨ ਮੰਤਰੀ, ਡਾ. ਮਨਮੋਹਨ ਸਿੰਘ ਦਾ ਅੱਜ ਨਵੀਂ ਦਿੱਲੀ ਦੇ ਨਿਗਮ ਬੋਧ ਘਾਟ 'ਤੇ ਪੂਰੇ ਸਰਕਾਰੀ ਸਨਮਾਨਾਂ ਨਾਲ ਅੰਤਿਮ ਸੰਸਕਾਰ ਕੀਤਾ ਗਿਆ।
- ਸਰਕਾਰ ਸਾਬਕ ਪ੍ਰਧਾਨ ਮੰਤਰੀ ਡਾ: ਮਨਮੋਹਨ ਸਿੰਘ ਦੀ ਯਾਦਗਾਰ ਲਈ ਜਗ੍ਹਾ ਅਲਾਟ ਕਰੇਗੀ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਆਕਾਸ਼ਵਾਣੀ 'ਤੇ 'ਮਨ ਕੀ ਬਾਤ' ਪ੍ਰੋਗਰਾਮ 'ਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।
- ਮੌਸਮ ਵਿਭਾਗ ਨੇ ਆਉਂਦੇ ਦਿਨਾਂ’ਚ ਸੂਬੇ ‘ਚ ਤਾਮਪਾਨ ‘ਚ ਗਿਰਾਵਟ ਆਉਣ ਦੀ ਸੰਭਾਵਨਾ ਜਤਾਈ ਏ.

- ਕ੍ਰਿਕੇਟ ਵਿੱਚ, ਭਾਰਤ ਨੇ ਮੈਲਬੋਰਨ ਵਿੱਚ, ਚੌਥੇ ਟੈਸਟ ਮੈਚ ਦੇ ਤੀਜੇ ਦਿਨ ਦੀ ਖੇਡ ਖਤਮ ਹੋਣ ਤੱਕ, ਆਪਣੀ ਪਹਿਲੀ ਪਾਰੀ 'ਚ 9 ਵਿਕਟਾਂ ਦੇ ਨੁਕਸਾਨ 'ਤੇ 358 ਦੌੜਾਂ ਬਣਾ ਲਈਆਂ ਨੇ।